ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।

(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)

ਪਬਲਿਕ ਨੋਟਿਸ

ਨੰਃ 381540/2

ਮਿਤੀ 15-05-2023

1.0 ਸਿੱਖਿਆ ਵਿਭਾਗ ,ਪੰਜਾਬ ਵਿੱਚ ਈ.ਟੀ.ਟੀ.ਕਾਡਰ ਦੀਆਂ 6635 ਆਸਾਮੀਆਂ ਭਰਨ ਲਈ ਮਿਤੀ 30-07-2021 ਨੂੰ ਵਿਗਿਆਪਨ ਦਿੱਤਾ ਗਿਆ ਸੀ। ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵੱਲੋਂ 765 ਯੋਗ ਉਮੀਦਵਾਰਾਂ ਦੀ ਕੈਟਾਗਰੀ ਵਾਈਜ ਚੋਣ ਸੂਚੀ ਮਿਤੀ 05-05-2023 ਨੂੰ ਪੋਰਟਲ ਤੇ ਅਪਲੋਡ ਕੀਤੀ ਗਈ ਸੀ।

2.0 ਇਸ ਚੋਣ ਸੂਚੀ ਅਨੁਸਾਰ ਯੋਗ ਕਰਾਰ ਦਿੱਤੇ ਗਏ ਉਮੀਦਵਾਰਾਂ ਨੂੰ ਮਿਤੀ 13-05-2023 ਤੋਂ 14-05-2023 ਤੱਕ ਆਨਲਾਈਨ ਪ੍ਰੋਸੈਸ ਰਾਹੀਂ ਵਿਭਾਗ ਦੇ ਪੋਰਟਲ ਤੇ ਸਟੇਸ਼ਨ ਚੋਣ ਕਰਵਾਈ ਗਈ ਸੀ। ਜਿਸ ਅਨੁਸਾਰ MIS ਵਿੰਗ ਵੱਲੋਂ ਯੋਗ ਉਮੀਦਵਾਰਾਂ ਨੂੰ ਅਲਾਟ ਕੀਤੇ ਸਟੇਸ਼ਨ ਉਨ੍ਹਾਂ ਦੀ ਆਈ.ਡੀ ਵਿੱਚ ਅਪਲੋਡ ਕਰ ਦਿੱਤੇ ਗਏ ਹਨ। ਇਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਜੋ ਉਮੀਦਵਾਰ ਵਿਗਿਆਪਨ ਮਿਤੀ 30-07-2021 ਅਧੀਨ ਪਹਿਲਾਂ ਹੀ ਚੁਣੇ ਗਏ ਸਨ, ਵਿਭਾਗ ਵੱਲੋਂ ਪਹਿਲਾਂ ਹੀ ਉਹਨਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ ਜਾ ਚੁੱਕੇ ਹਨ,ਅਜਿਹੇ ਯੋਗ ਉਮੀਦਵਾਰ ਹਾਜ਼ਰ ਹੋਣ ਉਪਰੰਤ ਸਰਕਾਰੀ ਨੌਕਰੀ ਵਿੱਚ ਬਤੌਰ ਈ.ਟੀ.ਟੀ.ਟੀਚਰ ਕੰਮ ਕਰ ਰਹੇ ਹਨ। ਇਸ ਤਰ੍ਹਾਂ ਦੇ ਯੋਗ ਉਮੀਦਵਾਰਾਂ ਦਾ ਨਿਯੁਕਤੀ ਦਾ ਸਥਾਨ, ਵਿਭਾਗ ਵੱਲੋਂ ਜੋ ਪਹਿਲਾਂ ਅਲਾਟ ਕੀਤਾ ਗਿਆ ਸੀ, ਉਹੀ ਰਹੇਗਾ।

3.0 ਯੋਗ ਉਮੀਦਵਾਰਾਂ ਨੂੰ ਜਿਸ ਜਿਲ੍ਹੇ ਵਿੱਚ ਸਟੇਸ਼ਨ ਅਲਾਟ ਹੋਇਆ ਹੈ, ਉਹ ਸਿਲੈਕਸਨ ਨਤੀਜੇ ਦੀ ਕਾਪੀ, ਆਨ-ਲਾਈਨ ਸਟੇਸ਼ਨ ਅਲਾਟਮੈਂਟ ਦੀ ਕਾਪੀ ਅਤੇ ਸਵੈ-ਘੋਸਣਾ (ਸਵੈ-ਘੋਸਣਾ ਪੱਤਰ ਦਾ ਨਮੂਨਾ ਨੱਥੀ) ਲੈ ਕੇ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਐਸਿ), ਦਫਤਰ ਵਿਖੇ ਪੁਹੰਚ ਕੇ ਨਿਯਕੁਤੀ ਪੱਤਰ ਪ੍ਰਾਪਤ ਕਰ ਸਕਦੇ ਹਨ।

Bindu Gulati
Assistant Director
**ਸਹਾਇਕ ਡਾਇਰੈਕਟਰ (ਅਮਲਾ-2)**